16 ਵੀਂ ਵਿਧਾਨ ਸਭਾ
ਚੌਥਾ ਸਮਾਗਮ, 2023

**ਪੰਜਾਬ ਵਿਧਾਨ ਸਭਾ ਸਕੱਤਰੇਤ**
**(ਵਿਧਾਨ ਸ਼ਾਖਾ)**
**ਨੰ: 17-ਐਲ ਏ-2023/9767**

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਵੱਲੋਂ ਨੋਟਿਸ ਪ੍ਰਾਪਤ ਹੋਇਆ ਹੈ ਕਿ ਪੰਜਾਬ ਵਿਧਾਨ ਸਭਾ ਦੇ ਚੌਥੇ ਸਮਾਗਮ, 2023 ਦੀ ਵਿਸ਼ੇਸ਼ ਬੈਠਕ ਦੌਰਾਨ ਨਿਮਨਲਿਖਤ ਮਤਾ ਪੇਸ਼ ਕੀਤਾ ਜਾਵੇਗਾ:-

"ਭਾਰਤ ਸਰਕਾਰ ਵੱਲੋਂ ਪਿਛਲੇ ਚਾਰ ਸੀਜ਼ਨਾਂ (KMS 2021-22, RMS 2022-23, KMS 2022-23 ਅਤੇ RMS 2023-24) ਦੀ ਦਿਹਾਤੀ ਵਿਕਾਸ ਫੀਸ (R.D.F.) ਜਾਰੀ ਨਾ ਕੀਤੇ ਜਾਣ ਕਾਰਨ ਪੰਜਾਬ ਰਾਜ ਦੇ ਦਿਹਾਤੀ ਵਿਕਾਸ ਕਾਰਜਾਂ ਤੇ ਮਾੜਾ ਅਸਰ ਪੈ ਰਿਹਾ ਹੈ।

ਪੰਜਾਬ ਵਿਧਾਨ ਸਭਾ ਇਸ ਗੱਲ ਦੀ ਸਖਤ ਨਿਖੇਧੀ ਕਰਦੀ ਹੈ ਕਿ ਪੰਜਾਬ ਦਿਹਾਤੀ ਵਿਕਾਸ ਐਕਟ, 1987 ਵਿੱਚ ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਲੋੜੀਂਦੀਆਂ ਸੋਧਾਂ ਨੂੰ ਮੌਜੂਦਾ ਰਾਜ ਸਰਕਾਰ ਵੱਲੋਂ ਇਸ ਪਵਿੱਤਰ ਸਦਨ ਤੋਂ ਪਾਸ ਕਰਵਾਉਣ ਅਤੇ ਇਸ ਉਪਰੰਤ ਨੋਟੀਫਿਕੇਸ਼ਨ ਨੂੰ ਮਿਤੀ 18.07.2022 ਨੂੰ ਸਰਕਾਰੀ ਗਜ਼ਟ ਵਿੱਚ ਪ੍ਰਕਾਸ਼ਿਤ ਕਰਨ ਦੇ ਬਾਵਜੂਦ ਵੀ ਭਾਰਤ ਸਰਕਾਰ ਨੇ ਪੰਜਾਬ ਵਿੱਚੋਂ ਪਿਛਲੇ ਚਾਰ ਸੀਜ਼ਨਾਂ ਦੌਰਾਨ ਖਰੀਦੀਆਂ ਗਈਆਂ ਖੇਤੀ ਉਪਜਾਂ ਤੇ 3% ਦੀ ਦਰ ਨਾਲ ਬਣਦੀ 3622.40 ਕਰੋੜ ਰੁਪਏ ਦੀ ਅਜੇ ਤੱਕ ਰੋਕੀ ਗਈ ਦਿਹਾਤੀ ਵਿਕਾਸ ਫੀਸ ਦੀ ਰਕਮ ਜਾਰੀ ਨਹੀਂ ਕੀਤੀ ਹੈ।

ਪੰਜਾਬ ਰਾਜ ਨੇ ਭਾਰਤ ਦੇ ਕਿਸੇ ਵੀ ਹੋਰ ਰਾਜ ਦੇ ਮੁਕਾਬਲੇ ਬਹੁਤ ਵੱਡਾ ਮਾਰਕੀਟ ਬੁਨਿਆਦੀ ਢਾਂਚਾ ਤਿਆਰ ਕੀਤਾ ਹੋਇਆ ਹੈ। ਇਸ ਤਰ੍ਹਾਂ ਇਕੱਤਰ ਕੀਤੀ ਗਈ ਦਿਹਾਤੀ ਵਿਕਾਸ ਫੀਸ ਦੀ ਵਰਤੋਂ ਸਿਰਫ਼ ਰਾਜ ਦੇ ਕਿਸਾਨਾਂ ਦੀ ਭਲਾਈ, ਪੇਂਡੂ ਮੰਡੀਆਂ ਅਤੇ ਪੇਂਡੂ ਲਿੰਕ ਸੜਕਾਂ ਦੇ ਰੱਖ-ਰੱਖਾਅ ਅਤੇ ਨਿਰਮਾਣ ਸਮੇਤ ਪੇਂਡੂ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕੀਤੀ ਜਾਂਦੀ ਹੈ ਤਾਂ ਜੋ ਖੇਤੀ ਉਪਜਾਂ ਨਜ਼ਦੀਕੀ ਮੰਡੀਆਂ ਤੱਕ ਆਸਾਨੀ ਨਾਲ ਪਹੁੰਚਾਈਆਂ ਜਾ ਸਕਣ। ਇਸ ਤਰ੍ਹਾਂ ਭਾਰਤ ਸਰਕਾਰ ਵੱਲੋਂ ਪੇਂਡੂ ਵਿਕਾਸ ਫੀਸ ਜਾਰੀ ਨਾ ਕੀਤੇ ਜਾਣ ਕਾਰਨ ਪੰਜਾਬ ਰਾਜ ਦੇ ਸਮੁੱਚੇ ਦਿਹਾਤੀ ਵਿਕਾਸ ਕਾਰਜ ਠੱਪ ਹੋ ਰਹੇ ਹਨ।

ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਉਹ ਕੇਂਦਰ ਸਰਕਾਰ ਵੱਲੋਂ ਰੋਕੀ ਗਈ 3622.40 ਕਰੋੜ ਦੀ ਦਿਹਾਤੀ ਵਿਕਾਸ ਫੀਸ ਨੂੰ ਤੁਰੰਤ ਜਾਰੀ ਕਰਵਾਉਣ ਲਈ ਕੇਂਦਰ ਸਰਕਾਰ ਕੋਲ ਪਹੁੰਚ ਕਰੇ ਤਾਂ ਜੋ ਪੰਜਾਬ ਰਾਜ ਦੇ ਕਿਸਾਨਾਂ ਅਤੇ ਪੇਂਡੂ ਆਬਾਦੀ ਦੀ ਭਲਾਈ ਲਈ ਨਿਰਵਿਘਨ ਵਿਕਾਸ ਕਾਰਜਾਂ ਨੂੰ ਜਾਰੀ ਰੱਖਿਆ ਜਾ ਸਕੇ।"

ਰਾਮ ਲੋਕ ਖਟਾਣਾ,
ਸਕੱਤਰ।

ਚੰਡੀਗੜ੍ਹ:
19 ਜੂਨ, 2023

ਸੇਵਾ ਵਿਚ
ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ ।

ਨੰ: 17-ਐਲ ਏ-2023/9768-70, ਮਿਤੀ ਚੰਡੀਗੜ੍ਹ, 19 ਜੂਨ, 2023
ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ;
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਖੇਤੀਬਾੜੀ ਅਤੇ ਕਿਸਾਨ ਵਿਭਾਗ; ਚੰਡੀਗੜ੍ਹ; ਅਤੇ
3. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ, ਚੰਡੀਗੜ੍ਹ।

ਰਾਜਿੰਦਰ ਜੀਤ ਕੌਰ
ਸੁਪਰਡੰਟ,
ਵਾਸਤੇ ਸਕੱਤਰ।

ਪ. ਸੀ।-

Scanned with CamScanner